# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 13:10

**ਮਿਤੀ : 09-10-2025**

ਸੜਕ ਆਵਾਜਾਈ ਅਤੇ ਸ਼ਾਹਰਾਹ ਮੰਤਰੀ ਨਿਤਿਨ ਗਡਕਰੀ ਨੇ ਅੱਜ 2 ਸੋਨੀਪਤ ਵਿੱਚ ਗੰਨੌਰ ਦੇ ਗੁਜਰਾਂ ਪਿੰਡ ਵਿੱਚ, ਦਿੱਲੀ ਇੰਟਰਨੈਸ਼ਨਲ ਕਾਰਗੋ ਟਰਮੀਨਲ ਪ੍ਰਾਈਵੇਟ ਲਿਮਟਿਡ ਵਿਖੇ ਦੇਸ਼ ਦੇ ਪਹਿਲੇ ਵਪਾਰਕ ਇਲੈਕਟ੍ਰਿਕ ਟਰੱਕ ਬੈਟਰੀ ਸਵੈਪਿੰਗ ਅਤੇ ਚਾਰਜਿੰਗ ਸਟੇਸ਼ਨ ਦਾ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਉਹ ਦਿਨ ਦੂਰ ਨਹੀਂ ਜਦੋਂ ਭਾਰਤ, ਹਵਾਬਾਜ਼ੀ ਈਂਧਣ ਉਤਪਾਦਨ ਵਿੱਚ ਪਹਿਲੇ ਨੰਬਰ 'ਤੇ ਹੋਵੇਗਾ । ਉਨ੍ਹਾਂ ਕਿਸਾਨਾਂ ਨੂੰ ਪਰਾਲੀ ਨੂੰ ਸਾੜਨ ਦੀ ਬਜਾਏ, ਈਂਧਣ ਉਤਪਾਦਨ ਲਈ ਵਰਤਣ ਦੀ ਅਪੀਲ ਕੀਤੀ। ਇਸ ਨਾਲ ਉਨ੍ਹਾਂ ਦੀ ਆਰਥਿਕ ਸਥਿਤੀ ਮਜ਼ਬੂਤ ਹੋਵੇਗੀ। ਉਨ੍ਹਾਂ ਕਿਹਾ ਕਿ ਕਿਸਾਨ ਹੁਣ ਈਂਧਣ ਪ੍ਰਦਾਤਾ ਹੋਣਗੇ ਅਤੇ ਹੁਣ ਪਰਾਲੀ ਤੋਂ ਈਂਧਣ ਪੈਦਾ ਕਰਨ ਦਾ ਕੰਮ ਕੀਤਾ ਜਾ ਰਿਹਾ ਏ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਬਾਇਓ-ਬਿਟੂਮਨ ਪੈਦਾ ਕਰਨ ਲਈ, 50 ਲੱਖ ਟਨ ਪਰਾਲੀ ਦੀ ਵਰਤੋਂ ਕੀਤੀ ਜਾ ਰਹੀ ਏ। ਮਹਾਰਾਸ਼ਟਰ, ਨਾਗਪੁਰ ਅਤੇ ਜਬਲਪੁਰ ਵਿੱਚ ਪਰਾਲੀ ਤੋਂ ਸੜਕਾਂ ਬਣਾਈਆਂ ਜਾ

ਰਹੀਆਂ ਨੇ। ਈਥਾਨੈਲ ਬਾਰੇ, ਉਨ੍ਹਾਂ ਕਿਹਾ ਕਿ ਮੱਕੀ ਤੋਂ ਈਥਾਨੋਲ ਦਾ ਉਤਪਾਦਨ ਕੀਤਾ ਜਾ ਰਿਹਾ ਏ। ਇਸ ਨਾਲ ਮੱਕੀ ਦੇ ਬਾਜ਼ਾਰ ਦਾ ਪਸਾਰ ਹੋਇਆ ਏ। ਸ੍ਰੀ ਗਡਕਰੀ ਨੇ ਕਿਹਾ ਕਿ ਕੰਪਨੀਆਂ ਫਲੈਕਸੀ-ਇੰਜਣ ਵਿਕਸਤ ਕਰਨ 'ਤੇ ਕੰਮ ਕਰ ਰਹੀਆਂ ਨੇ। ਖੇਤੀਬਾੜੀ ਮਸ਼ੀਨਰੀ ਵੀ ਹੁਣ ਫਲੈਕਸੀ ਇੰਜਣਾਂ ਨਾਲ ਲੈਸ ਹੋਣ ਜਾ ਰਹੀ ਏ। ਉਨਾਂ ਕਿਹਾ ਕਿ ਇਨ੍ਹਾਂ ਸਾਰੇ ਯਤਨਾਂ ਰਾਹੀਂ, ਅਸੀਂ ਪਰਾਲੀ ਸਾੜਨ ਕਾਰਨ ਹੋਣ ਵਾਲੇ ਪ੍ਰਦੂਸ਼ਣ ਨੂੰ ਘਟਾਉਣ ਵਿੱਚ ਸਫਲ ਰਹੇ ਹਾਂ।

---------------------------------------------------------

ਪੰਜਾਬ ਪੁਲਿਸ ਨੇ ਸੋਸ਼ਲ ਮੀਡੀਆ 'ਤੇ ਭਾਰਤ ਦੇ ਚੀਫ਼ ਜਸਟਿਸ ਭੂਸ਼ਣ ਰਾਮਕ੍ਰਿਸ਼ਨ ਗਵਈ ਖਿਲਾਫ ਇਤਰਾਜ਼ਯੋਗ ਅਤੇ ਗੈਰ-ਕਾਨੂੰਨੀ ਸਮੱਗਰੀ ਪੋਸਟ ਕਰਨ ਲਈ ਕਈ ਵਿਅਕਤੀਆਂ ਵਿਰੁੱਧ ਕਈ ਮਾਮਲੇ ਦਰਜ ਕੀਤੇ ਨੇ । ਚੀਫ਼ ਜਸਟਿਸ ਨੂੰ ਨਿਸ਼ਾਨਾ ਬਣਾਉਂਦੇ ਹੋਏ 100 ਤੋਂ ਵੱਧ ਸੋਸ਼ਲ ਮੀਡੀਆ ਹੈਂਡਲਾਂ 'ਤੇ ਪੋਸਟ ਕੀਤੀਆਂ ਗਈਆਂ ਪੋਸਟਾਂ ਅਤੇ ਵੀਡੀਓਜ਼ ਸੰਬੰਧੀ ਕਈ ਸ਼ਿਕਾਇਤਾਂ ਮਿਲਣ ਤੋਂ ਬਾਅਦ, ਕੱਲ੍ਹ ਇਹ FIRs ਦਰਜ ਕੀਤੀਆਂ ਗਈਆਂ ਸਨ। ਪੰਜਾਬ ਪੁਲਿਸ ਦੇ ਸੂਤਰਾਂ ਦੇ ਹਵਾਲੇ ਨਾਲ, ਸਾਡੇ ਜਲੰਧਰ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਅਨੁਸੂਚਿਤ ਜਾਤੀਆਂ ਅਤੇ ਅਨੁਸੂਚਿਤ ਜਨਜਾਤੀਆਂ (ਅੱਤਿਆਚਾਰ

ਰੋਕਥਾਮ) ਐਕਟ, 1989 ਦੀਆਂ ਗੈਰ-ਜ਼ਮਾਨਤੀ ਧਾਰਾਵਾਂ ਅਤੇ ਭਾਰਤੀ ਨਿਆ ਸੰਹਿਤਾ ਦੀਆਂ ਕਈ ਹੋਰ ਧਾਰਾਵਾਂ ਦੇ ਤਹਿਤ ਕਾਨੂੰਨ ਦੇ ਅਨੁਸਾਰ ਮਾਮਲੇ ਦਰਜ ਕੀਤੇ ਗਏ ਨੇ । ਸੋਸ਼ਲ ਮੀਡੀਆ 'ਤੇ ਉੱਚ ਸੰਵਿਧਾਨਕ ਅਥਾਰਟੀ 'ਤੇ ਹਮਲੇ, ਜਾਤੀ ਆਧਾਰਿਤ ਅਪਮਾਨ ਅਤੇ ਭੜਕਾਉਣ ਵਾਲੀ ਸਮੱਗਰੀ, ਜਾਤੀ ਅਤੇ ਫਿਰਕੂ ਭਾਵਨਾਵਾਂ ਨੂੰ ਗੈਰ-ਵਾਜ਼ਬ ਢੰਗ ਨਾਲ ਪੇਸ਼ ਕਰਕੇ ਅਮਨ-ਸ਼ਾਂਤੀ ਅਤੇ ਜਨਤਕ ਵਿਵਸਥਾ ਨੂੰ ਭੰਗ ਕਰਨ ਦੀ ਪ੍ਰਤੱਖ ਕੋਸ਼ਿਸ਼ ਨਾਲ ਸਬੰਧਤ ਸੋਸ਼ਲ ਮੀਡੀਆ ਸਮੱਗਰੀ ਨੂੰ ਫਲੈਗ ਕੀਤਾ ਗਿਆ ਏ ਅਤੇ ਕਾਨੂੰਨ ਅਨੁਸਾਰ ਐਫ.ਆਈ.ਆਰਜ਼ ਦਰਜ ਕੀਤੀਆਂ ਗਈਆਂ ਨੇ । ਉਨ੍ਹਾਂ ਕਿਹਾ ਕਿ ਇਹਨਾਂ ਪੋਸਟਾਂ ਅਤੇ ਵੀਡੀਓਜ਼ ਵਿੱਚ ਜਾਤੀਵਾਦ ਅਤੇ ਨਫ਼ਰਤ ਭਰੀ ਸਮੱਗਰੀ ਸ਼ਾਮਲ ਏ, ਜਿਸ ਦਾ ਉਦੇਸ਼ ਫਿਰਕੂ ਫੁੱਟ ਪਾਉਣਾ, ਜਨਤਕ ਵਿਵਸਥਾ ਨੂੰ ਭੰਗ ਕਰਨਾ ਅਤੇ ਨਿਆਂਇਕ ਸੰਸਥਾਵਾਂ ਦੇ ਸਨਮਾਨ ਨੂੰ ਢਾਹ ਲਾਉਣਾ ਏ । ਅਗਲੇਰੀ ਜਾਂਚ ਜਾਰੀ ਏ ।

---------------------------------------------------------------

ਪੰਜਾਬ ਪੁਲਿਸ ਨੇ ਪਾਕਿਸਤਾਨ ਦੇ ਆਈ.ਐਸ.ਆਈ-ਸਮਰਥਿਤ ਦਹਿਸ਼ਤਗਰਦੀ ਨੈੱਟਵਰਕ ਖਿਲਾਫ ਇੱਕ ਵੱਡੀ ਸਫਲਤਾ ਵਿੱਚ, ਬੱਬਰ ਖਾਲਸਾ ਇੰਟਰਨੈਸ਼ਨਲ ਦੇ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼

ਕਰਦਿਆਂ ਇਸਦੇ ਦੇ ਦੋ ਕਾਰਕੁਨਾਂ ਨੂੰ ਢਾਈ ਕਿਲੋਗ੍ਰਾਮ ਵਿਸਫੋਟਕ ਸਮੱਗਰੀ ਆਰ.ਡੀ.ਐਕਸ ਸਮੇਤ ਗ੍ਰਿਫ਼ਤਾਰ ਕੀਤਾ ਏ । ਪੁਲਿਸ ਸੂਤਰਾਂ ਅਨੁਸਾਰ, ਜਲੰਧਰ ਤੋਂ ਗੁਰਜਿੰਦਰ ਸਿੰਘ ਅਤੇ ਦੀਵਾਨ ਸਿੰਘ ਤੋਂ ਇਸ ਵਿਸਫੋਟਕ ਦੇ ਨਾਲ ਇੱਕ ਆਈ.ਈ.ਡੀ ਅਤੇ ਇੱਕ ਰਿਮੋਟ ਕੰਟਰੋਲ ਵੀ ਬਰਾਮਦ ਕੀਤਾ ਗਿਆ ਏ । ਇਹ ਮਾਡਿਊਲ ਬਰਤਾਨੀਆਂ -ਅਧਾਰਤ ਹੈਂਡਲਰਾਂ ਦੁਆਰਾ ਇੱਕ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਮੁਖ ਸਾਜਿਸ਼ਕਰਤਾ ਹਰਵਿੰਦਰ ਸਿੰਘ ਰਿੰਦਾ ਦੇ ਨਿਰਦੇਸ਼ਾਂ 'ਤੇ ਚਲਾਇਆ ਜਾ ਰਿਹਾ ਸੀ। ਮੁੱਢਲੀ ਜਾਂਚ ਤੋਂ ਪਤਾ ਚੱਲਦਾ ਏ ਕਿ ਆਈ.ਈ.ਡੀ ਇੱਕ ਨਿਸ਼ਾਨਾ ਲਾਕੇ ਕਰਨ ਵਾਲੇ ਦਹਿਸ਼ਤਗਰਦੀ ਹਮਲੇ ਲਈ ਸੀ। ਇਸ ਤੋਂ ਪਹਿਲਾਂ, ਪੁਲਿਸ ਨੇ ਇਸ ਹਫ਼ਤੇ ਅੰਮ੍ਰਿਤਸਰ ਵਿੱਚ ਦੋ ਵੱਖ-ਵੱਖ ਵਿਅਕਤੀਆਂ ਤੋਂ 4 ਹੈਂਡ ਗ੍ਰਨੇਡ ਵੀ ਬਰਾਮਦ ਕੀਤੇ ਹਨ। ਇਹ ਖੇਪ ਪਾਕਿਸਤਾਨ ਦੇ ਆਈ.ਐਸ.ਆਈ ਹੈਂਡਲਰਾਂ ਵਲੋਂ ਪੰਜਾਬ ਵਿੱਚ ਸਰਹੱਦ ਪਾਰ ਤੋਂ ਭੇਜੀ ਗਈ ਸੀ।

---------------------------------------------------

ਭਾਰਤੀ ਰਿਜ਼ਰਵ ਬੈਂਕ, 'RBI ਕਹਿਤਾ ਹੈ ' ਪਹਿਲਕਦਮੀ ਤਹਿਤ, ਮੀਡੀਆ ਦੇ ਵੱਖ-ਵੱਖ ਮਾਧਿਅਮਾਂ ਰਾਹੀਂ ਲੋਕਾਂ ਲਈ ਜਾਗਰੂਕਤਾ ਮੁਹਿੰਮ ਚਲਾ ਰਿਹਾ ਏ। ਰਿਜ਼ਰਵ ਬੈਂਕ ਨੇ ਜਨਤਕ ਜਾਗਰੂਕਤਾ ਸੰਦੇਸ਼ਾਂ

ਅਤੇ ਮਹੱਤਵਪੂਰਨ ਜਾਣਕਾਰੀ ਪਹੁੰਚਾਉਣ ਲਈ, ਅਪ੍ਰੈਲ 2025 ਵਿੱਚ ਇੱਕ ਪ੍ਰਮਾਣਿਤ WhatsApp ਚੈਨਲ ਵੀ ਸ਼ੁਰੂ ਕੀਤਾ ਸੀ। ਇਸ ਪਹਿਲਕਦਮੀ ਰਾਹੀਂ, ਰਿਜ਼ਰਵ ਬੈਂਕ ਦਾ ਉਦੇਸ਼, ਮਹੱਤਵਪੂਰਨ ਵਿੱਤੀ ਜਾਣਕਾਰੀ ਨੂੰ ਜਨਤਾ ਲਈ ਆਸਾਨ, ਸਿੱਧੇ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਯੋਗ ਬਣਾਉਣਾ ਏ। ਲੋਕ ਹੁਣ ਰਿਜ਼ਰਵ ਬੈਂਕ ਦੇ ਵਟਸਐਪ ਨੰਬਰ 99990-41935 ਅਤੇ 99309-91935 'ਤੇ ਅਧਿਕਾਰਤ ਜਾਣਕਾਰੀ ਪ੍ਰਾਪਤ ਕਰ ਸਕਦੇ ਨੇ।

-----------------------------------------------------

ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸਹਾਦਤ ਦੀ 350ਵੀਂ ਵਰੇਗੰਢ ਨੂੰ ਸਮਰਪਿਤ ਕੱਢੇ ਜਾਣ ਵਾਲੇ ਨਗਰ ਕੀਰਤਨ ਦੇ ਪਠਾਨਕੋਟ ਪਹੁੰਚਨ ਨੂੰ ਲੈ ਕੇ ਅਗੇਤੇ ਕੀਤੇ ਜਾਣ ਵਾਲੇ ਪ੍ਰਬੰਧਾਂ ਨੂੰ ਲੈ ਕੇ ਕੈਬਿਨੇਟ ਮੰਤਰੀ ਹਰਜੋਤ ਸਿੰਘ ਬੈਂਸ ਦੀ ਪ੍ਰਧਾਨਗੀ ਵਿੱਚ ਵੱਖ ਵੱਖ ਸਬੰਧਤ ਵਿਭਾਗਾਂ ਦੇ ਨਾਲ ਵਿਸ਼ੇਸ਼  ਮੀਟਿੰਗ ਆਯੋਜਿਤ ਕੀਤੀ ਗਈ । ਉਨ੍ਹਾਂ ਦੱਸਿਆ ਕਿ ਨਗਰ ਕੀਰਤਨ 20 ਨਵੰਬਰ ਨੂੰ ਜਿਲ੍ਹਾ ਪਠਾਨਕੋਟ ਵਿਖੇ ਠਹਿਰੇਗਾ। ਉਨ੍ਹਾਂ ਦੱਸਿਆ ਕਿ ਨਗਰ ਕੀਰਤਨ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦਾ ਪਾਵਨ ਸਰੂਪ, ਪੰਜ ਪਿਆਰੇ ਸਾਹਿਬਾਨ ਅਤੇ ਲਗਭਗ 500 ਸੰਗਤ ਦੇ ਸਾਮਲ ਹੋਣ ਦੀ ਸੰਭਾਵਨਾ ਵੀ ਏ । ਨਗਰ ਕੀਰਤਨ ਦੇ

ਸਬੰਧ ਵਿੱਚ ਸਬੰਧਤ ਵਿਭਾਗੀ ਅਧਿਕਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆ ਅਤੇ ਹਦਾਇਤ ਕੀਤੀ ਕਿ ਸਾਰੇ ਹੀ ਅਗੇਤੇ ਪ੍ਰਬੰਧ ਪਹਿਲਾਂ ਤੋਂ ਹੀ ਮੁਕੰਮਲ ਕਰ ਲਏ ਜਾਣ।

--------------------------------------------------------

ਬੇਟੀ ਬਚਾਓ ਬੇਟੀ ਪੜ੍ਹਾਓ ਪ੍ਰੋਗਰਾਮ ਨੂੰ ਉਤਸ਼ਾਹਿਤ ਕਰਨ ਲਈ ਲੁਧਿਆਣਾ ਜ਼ਿਲੇ ਵਿਚ ਸਰਸ ਮੇਲੇ  ਵਿੱਚ ਚੱਲ ਰਹੇ ਰੋਜ਼ਾਨਾ ਵਰਕਸ਼ਾਪਾਂ ਅਤੇ ਮੁਕਾਬਲਿਆਂ ਦੇ ਹਿੱਸੇ ਵਜੋਂ ਇੱਕ ਬੋਤਲ ਪੇਂਟਿੰਗ ਮੁਕਾਬਲਾ ਆਯੋਜਿਤ ਕੀਤਾ ਗਿਆ। ਭਾਗੀਦਾਰਾਂ ਨੇ ਸ਼ਾਨਦਾਰ ਰਚਨਾਤਮਕਤਾ ਦਾ ਪ੍ਰਦਰਸ਼ਨ ਕੀਤਾ, ਸਾਦੀਆਂ ਬੋਤਲਾਂ ਨੂੰ ਕਲਾ ਦੇ ਸੁੰਦਰ ਟੁਕੜਿਆਂ ਵਿੱਚ ਬਦਲ ਦਿੱਤਾ। ਜੇਤੂਆਂ ਨੂੰ ਇਨਾਮਾਂ ਨਾਲ ਨਿਵਾਜਿਆ ਗਿਆ।

--------------------------------------------------------

ICC ਮਹਿਲਾ ਇੱਕ ਰੋਜ਼ਾ ਕ੍ਰਿਕਟ ਵਿਸ਼ਵ ਕੱਪ ਵਿੱਚ, ਅੱਜ ਵਿਸ਼ਾਖਾਪਟਨਮ 'ਚ, ਭਾਰਤ ਦਾ ਮੁਕਾਬਲਾ ਦੱਖਣੀ ਅਫਰੀਕਾ ਨਾਲ ਹੋਵੇਗਾ । ਇਹ ਮੈਚ ਦੁਪਹਿਰ ਬਾਅਦ 3 ਵਜੇ ਸ਼ੁਰੂ ਹੋਵੇਗਾ ।  ਪਹਿਲਾਂ ਕੱਲ੍ਹ ਕੋਲੰਬੋ ਵਿੱਚ, ਆਸਟ੍ਰੇਲੀਆ ਨੇ ਪਾਕਿਸਤਾਨ ਨੂੰ 107 ਦੌੜਾਂ ਨਾਲ ਹਰਾਇਆ ।